**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।**

ਹੁਕਮ ਨੰ: 6/109-2006 ਅ-2 (3) ਕੋ:ਸੈਲ(2)
ਮਿਤੀ, ਐਸ.ਏ.ਐਸ.ਨਗਰ :-19-05-15

ਸ੍ਰੀ ਜਸਵਿੰਦਰ ਕੁਮਾਰ, ਸਾਇੰਸ ਮਾਸਟਰ, ਸ.ਸ.ਸ.ਸ ਦਾਤੇਵਾਸ ਹੁਣ ਸ.ਹ.ਸ ਧਲੇਵਾਂ, ਜ਼ਿਲ੍ਹਾ ਮਾਨਸਾ ਜੋ ਮਿਤੀ 01-01-2005 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲਿਆ ਆ ਰਿਹਾ ਹੈ, ਨੂੰ ਇਸ ਦਫਤਰ ਦੇ ਹੁਕਮ ਨੰ: 6/109-06 ਅ-2 (3) ਮਿਤੀ 02-08-2006/19-10-2006 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਰੂਲਜ਼ 1970 ਦੀ ਧਾਰਾ 8 ਅਧੀਨ ਨਿਯਮ 5 (v ਤੋਂ ix) ਦੇ ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ੍ਰੀ ਜਸਵਿੰਦਰ ਕੁਮਾਰ, ਸਾਇੰਸ ਮਾਸਟਰ, ਸ.ਸ.ਸ.ਸ ਦਾਤੇਵਾਸ ਹੁਣ ਸ.ਹ.ਸ ਧਲੇਵਾਂ, ਜ਼ਿਲ੍ਹਾ ਮਾਨਸਾ ਵੱਲੋ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਦਫਤਰ ਦੇ ਹੁਕਮ ਨੰ: 6/109-06 ਅ-2 (3) ਮਿਤੀ 18-05-2009/ 17-07-2009 ਰਾਂਹੀ ਸ੍ਰੀ ਹਰਬੰਸ ਸਿੰਘ, ਜ਼ਿਲ੍ਹਾ ਸਿਖਿਆ ਅਫਸਰ (ਸੈ.ਸਿ), ਮਾਨਸਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਅਨੁਸਾਰ ਕਰਮਚਾਰੀ ਵਿਰੁੱਧ ਮਿਤੀ 01-01-2005 ਤੋ ਸਰਕਾਰੀ ਡਿਊਟੀ ਤੋ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਹੁੰਦਾ ਹੈ।

ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਸ੍ਰੀ ਜਸਵਿੰਦਰ ਕੁਮਾਰ, ਸਾਇੰਸ ਮਾਸਟਰ, ਸ.ਸ.ਸ.ਸ ਦਾਤੇਵਾਸ ਹੁਣ ਸ.ਹ.ਸ ਧਲੇਵਾਂ, ਜ਼ਿਲ੍ਹਾ ਮਾਨਸਾ ਨੂੰ ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਰਹਿਣ ਕਾਰਨ ਮਿਤੀ 29-05-2010 ਨੂੰ ਫਾਇਨੈਨਸ਼ਿਅਲ ਵਰਲਡ ਅਖਬਾਰ ਵਿਚ ਪਬਲਿਕ ਨੋਟਿਸ ਦਿੱਤਾ ਗਿਆ ਅਤੇ ਕਰਮਚਾਰੀ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦਾ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰੀ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋ ਇਹ ਸਪਸ਼ਟ ਹੈ ਕਿ ਕਰਮਚਾਰੀ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦਾ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ੍ਰੀ ਜਸਵਿੰਦਰ ਕੁਮਾਰ, ਸਾਇੰਸ ਮਾਸਟਰ, ਸ.ਸ.ਸ.ਸ ਦਾਤੇਵਾਸ ਹੁਣ ਸ.ਹ.ਸ ਧਲੇਵਾਂ, ਜ਼ਿਲ੍ਹਾ ਮਾਨਸਾ ਦੇ ਅਣ-ਅਧਿਕਾਰਤ ਤੌਰ ਤੇ ਮਿਤੀ 01-01-2005 ਤੋਂ ਹੁਣ ਤੱਕ ਲਗਾਤਾਰ ਸਰਕਾਰੀ ਡਿਊਟੀ ਤੋ ਜਾਣਬੁੱਝ ਕੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5 (viii) ਅਧੀਨ ਉਸ ਦੀਆ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿ੍ਠ ਅੰਕਣ ਨੰ: ਉਕਤ / 10034-37 ਮਿਤੀ, ਐਸ.ਏ.ਐਸ.ਨਗਰ : 21-5-15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਫਰੀਦਕੋਟ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਮਾਨਸਾ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਕਰਵਾਉਣਾ ਯਕੀਨੀ ਬਣਾਇਆ ਜਾਵੇ ਅਤੇ ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।

ਰਜਿਸਟਰਡ 3. ਪ੍ਰਿੰਸੀਪਲ, ਸ.ਹ.ਸ ਧਲੇਵਾਂ, ਜ਼ਿਲ੍ਹਾ ਮਾਨਸਾ ਨੂੰ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕਰਕੇ ਤਸਦੀਕ ਸ਼ੁਦਾ ਕਾਪੀ ਇਸ ਦਫਤਰ ਨੂੰ ਭੇਜੀ ਜਾਵੇ।

4. ਸ੍ਰੀ ਜਸਵਿੰਦਰ ਕੁਮਾਰ, ਸਾਇੰਸ ਮਾਸਟਰ, ਸ.ਸ.ਸ.ਸ ਦਾਤੇਵਾਸ ਹੁਣ ਸ.ਹ.ਸ ਧਲੇਵਾਂ, ਜ਼ਿਲ੍ਹਾ ਮਾਨਸਾ।

ਸੁਪਰਡੈਂਟ ਕੋਆਰਡੀਨੇਸ਼ਨ ਸੈਲ

ਕੱਚਾ ਖਰੜਾ ਪ੍ਰਵਾਨਗੀ ਹਿੱਤ।

**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਫੇਸ-8, ਐਸ.ਏ.ਐਸ.ਨਗਰ।**

ਹੁਕਮ ਨੰ: 15/116-2006 ਅਮਲਾ-2 (2)/ਕੋ:ਸੈਲ(3)
ਮਿਤੀ, ਐਸ.ਏ.ਐਸ.ਨਗਰ : 11-5-15

ਸ੍ਰੀਮਤੀ ਹਰਜਿੰਦਰ ਕੋਰ, ਸ:ਸ: ਮਿਸਟ੍ਰੈਸ, ਸਰਕਾਰੀ ਹਾਈ ਸਕੂਲ ਬੇਲਾ (ਰੂਪਨਗਰ) ਜੋ ਮਿਤੀ 01.02.2009 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੋਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਇਸ ਦਫਤਰ ਦੇ ਹੁਕਮ ਨੰ: 15/116-2006 ਅਮਲਾ-2 (2) ਮਿਤੀ 27.11.2009 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਂਵੱਲੀ 1970 ਦੀ ਧਾਰਾ 8 ਦੇ ਨਿਯਮ 5 ( v ਤੋਂ ix ) ਅਧੀਨ ਦੋਸ ਸੂਚੀ ਜਾਰੀ ਕੀਤੀ ਗਈ ਸੀ।

ਸ੍ਰੀਮਤੀ ਹਰਜਿੰਦਰ ਕੋਰ, ਸ:ਸ: ਮਿਸਟ੍ਰੈਸ, ਸਰਕਾਰੀ ਹਾਈ ਸਕੂਲ ਬੇਲਾ (ਰੂਪਨਗਰ) ਵੱਲੋ ਦੋਸ਼ ਸੂਚੀ ਦਾ ਉਤਰ ਪ੍ਰਾਪਤ ਹੋਇਆ ਜੋ ਕਿ ਤਸਲੀਬੱਖਸ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਦਫਤਰ ਦੇ ਹੁਕਮ ਨੰ: 15/116-2006 ਅਮਲਾ-2 (2 ਮਿਤੀ 19.03.2010 ਰਾਂਹੀ ਸ੍ਰੀ ਧਰਮ ਸਿੰਘ, ਜਿਲਾ ਸਿੱਖਿਆ ਅਫਸਰ (ਸੈ:ਸਿ:) ਰੂਪਨਗਰ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਅਨੁਸਾਰ ਕਰਮਚਾਰਨ ਵਿਰੁੱਧ ਮਿਤੀ 01.02.2009 ਤੋ ਸਰਕਾਰੀ ਡਿਊਟੀ ਤੋ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਹੁੰਦਾ ਹੈ। ਇਸ ਦਫਤਰ ਦੇ ਮੀਮੋ ਨੰ: 15/116-06 ਅ2(2) ਮਿਤੀ 13.5.2011ਅਤੇ ਪੱਤਰ ਮਿਤੀ 05.07.2011 ਰਾਹੀਂ ਨਿੱਜੀ ਸੁਣਵਾਈ ਦਾ ਮੋਕਾ ਦਿੰਦੇ ਹੋਏ ਲਿਖਿਆ ਕਿ ਉਹ ਨਿੱਜੀ ਪੱਧਰ ਤੇ ਹਾਜਰ ਹੋ ਕੇ ਆਪਣਾ ਪੱਖ ਸਪਸਟ ਕਰੇ। ਪਰੰਤੂ ਕਰਮਚਾਰਨ ਨਿੱਜੀ ਸੁਣਵਾਈ ਵਿੱਚ ਹਾਜਰ ਨਹੀਂ ਹੋਈ। ਇਸ ਪੱਤਰ ਦੇ ਜਵਾਬ ਵਿੱਚ ਕਰਮਚਾਰਨ ਨੇ ਨਾਂ ਤਾਂ ਕੋਈ ਉਤਰ ਦਿਤਾ ਨਾ ਹੀ ਨਿੱਜੀ ਤੋਰ ਤੇ ਆਪਣਾ ਪੱਖ ਪੇਸ ਕੀਤਾ।

ਇਸ ਦਫਤਰ ਵਲੋਂ ਡਿਊਟੀ ਤੋਂ ਲਗਾਤਾਰ ਵੱਖ-ਵੱਖ ਮਿਤੀਆਂ ਤੋਂ ਅਣ-ਅਧਿਕਾਰਤ ਤੋਰ ਤੇ ਗੈਰ ਹਾਜਰ ਰਹਿਣ ਵਾਲੇ ਮਾਸਟਰ/ਮਿਸਟ੍ਰੈਸਾਂ ਸਬੰਧੀ ਕੁਦੱਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਇਕ ਸਾਂਝਾ ਇਸਤਿਹਾਰ ਅਖਬਾਰ ਵਿੱਚ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 5 ਤੇ ਇਸ ਕਰਮਚਾਰੀ ਦਾ ਨਾਂ ਵੀ ਸਾਮਲ ਸੀ। ਇਹ ਇਸ਼ਤਿਹਾਰ ਮਿਤੀ 08.04.2015 ਨੂੰ ਪ੍ਰਕਾਸ਼ਿਤ ਹੋਇਆ ਜਿਸ ਰਾਹੀਂ ਸ੍ਰੀਮਤੀ ਹਰਜਿੰਦਰ ਕੋਰ, ਸ:ਸ: ਮਿਸਟ੍ਰੈਸ, ਸਰਕਾਰੀ ਹਾਈ ਸਕੂਲ ਬੇਲਾ (ਰੂਪਨਗਰ) ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁੱਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ। ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ੍ਰੀਮਤੀ ਹਰਜਿੰਦਰ ਕੋਰ, ਸ:ਸ: ਮਿਸਟ੍ਰੈਸ, ਸਰਕਾਰੀ ਹਾਈ ਸਕੂਲ ਬੇਲਾ (ਰੂਪਨਗਰ) ਦੇ ਅਣ-ਅਧਿਕਾਰਤ ਤੌਰ ਤੇ ਮਿਤੀ 01.02.2009 ਤੋ ਹੁਣ ਤੱਕ ਲਗਾਤਾਰ ਸਰਕਾਰੀ ਡਿਊਟੀ ਤੋ ਜਾਣਬੁੱਝ ਕੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (Viii) ਅਧੀਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ / 9975-78

ਮਿਤੀ, ਐਸ.ਏ.ਐਸ.ਨਗਰ : 21/5/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਨਾਭਾ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਰੂਪਨਗਰ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿੱਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬਧ ਕਰਵਾਈ ਜਾਵੇ।
3. ਮੁੱਖ ਅਧਿਆਪਕ, ਸਰਕਾਰੀ ਹਾਈ ਸਕੂਲ, ਬੇਲਾ (ਰੂਪਨਗਰ ) ਨੂੰ ਸਬੰਧਤ ਕਰਮਚਾਰਨ ਦੀ ਸੇਵਾਪੱਤਰੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਸ੍ਰੀਮਤੀ ਹਰਜਿੰਦਰ ਕੋਰ, ਸ:ਸ: ਮਿਸਟ੍ਰੈਸ, ਸਰਕਾਰੀ ਹਾਈ ਸਕੂਲ ਬੇਲਾ (ਰੂਪਨਗਰ)।

**ਨੱਥੀ: ਸੇਵਾਪੱਤਰੀ (ਅਸਲ)**

ਸੁਪਰਡੰਟ ਕੋਆਰਡੀਨੇਸ਼ਨ ਸੈਲ